ੴ ਵਾਹਿਗੁਰੂ ਜੀ ਕੀ ਫਤਹਿ ॥ ਸ੍ਰੀ ਭਗੌਤੀ ਜੀ ਸਹਾਇ ॥
ਵਾਰ ਸ੍ਰੀ ਭਗੌਤੀ ਜੀ ਕੀ ਪਾਤਸ਼ਾਹੀ ੧੦ ॥

ਪ੍ਰਿਥਮ ਭਗੌਤੀ ਸਿਮਰਿ ਕੈ ਗੁਰ ਨਾਨਕ ਲਈ ਧਿਆਇ ।
ਫਿਰ ਅੰਗਦ ਗੁਰ ਤੇ ਅਮਰਦਾਸੁ ਰਾਮਦਾਸੈ ਹੋਈਂ ਸਹਾਇ ।
ਅਰਜਨ ਹਰਗੋਬਿੰਦ ਨੋ ਸਿਮਰੌ ਸ੍ਰੀ ਹਰਿਰਾਇ ।
ਸ੍ਰੀ ਹਰਿਕ੍ਰਿਸ਼ਨ ਧਿਆਈਐ ਜਿਸ ਡਿਠੈ ਸਭਿ ਦੁਖ ਜਾਇ ।
ਤੇਗ ਬਹਾਦਰ ਸਿਮਰਿਐ ਘਰ ਨਉ ਨਿਧਿ ਆਵੈ ਧਾਇ ।
ਸਭ ਥਾਈ ਹੋਇ ਸਹਾਇ ।
ਦਸਵਾਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ !
ਸਭ ਥਾਈਂ ਹੋਇ ਸਹਾਇ ।
ਦਸਾਂ ਪਾਤਸ਼ਾਹੀਆਂ ਦੀ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ
ਪਾਠ ਦੀਦਾਰ ਦਾ ਧਿਆਨ ਧਰ ਕੇ, ਬੋਲੋ ਜੀ ਵਾਹਿਗੁਰੂ !

ਹੇ ਨਿਮਾਣਿਆਂ ਦੇ ਮਾਣ, ਨਿਤਾਣਿਆਂ ਦੇ ਤਾਣ, ਨਿਓਟਿਆਂ ਦੀ ਓਟ,
ਸੱਚੇ ਪਿਤਾ ਵਾਹਿਗੁਰੂ, ਆਪ ਦੇ ਹਜ਼ੂਰ ਅਰਦਾਸ ਹੈ ਜੀ, ਆਪ ਜੀ ਸਾਨੂ
ਗੁਰਸਿਖੀ ਜੀਵਨ ਅਤੇ ਗੁਰਮਤ ਵਿਦਯਾ ਦੀ ਦਾਤ ਬਕਸ਼ੋ।
ਅੱਖਰ ਵਾਧਾ ਘਾਟਾ ਭੁੱਲ ਚੁੱਕ ਮਾਫ ਕਰਨੀ ।
ਸਰਬੱਤ ਦੇ ਕਾਰਜ ਰਾਸ ਕਰਨੇ ।

ਸੇਈ ਪਿਆਰੇ ਮੇਲ, ਜਿਨ੍ਹਾਂ ਮਿਲਿਆਂ ਤੇਰਾ ਨਾਮ ਚਿਤ ਆਵੇ ।
ਨਾਨਕ ਨਾਮ ਚੜ੍ਹਦੀ ਕਲਾ, ਤੇਰੇ ਭਾਣੇ ਸਰਬੱਤ ਦਾ ਭਲਾ ।